# ਰੋਟਾਵਾਇਰਸ ਵੈਕਸੀਨ (ਰੋਟਾਰਿਕਸ)

## Rotavirus vaccine (Rotarix)

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**

**ਸਾਰੀਆਂ ਵੈਕਸੀਨਾਂ ਸਮੇਂ ਸਿਰ ਲਗਵਾਓ।**

ਸਮੇਂ ਸਿਰ ਸਾਰੀਆਂ ਵੈਕਸੀਨਾਂ ਪ੍ਰਾਪਤ ਕਰਕੇ, ਤੁਹਾਡੇ ਬੱਚੇ ਨੂੰ ਉਨ੍ਹਾਂ ਦੇ ਜੀਵਨ ਕਾਲ ਦੌਰਾਨ ਬਹੁਤ ਸਾਰੀਆਂ ਬਿਮਾਰੀਆਂ ਤੋਂ ਸੁਰੱਖਿਅਤ ਰੱਖਿਆ ਜਾ ਸਕਦਾ ਹੈ।

ਟੀਕਾਕਰਨ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਹੋਰ ਕਿਸੇ ਵੀ ਸਿਹਤ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

### ਰੋਟਾਵਾਇਰਸ ਵੈਕਸੀਨ ਕੀ ਹੈ?

ਰੋਟਾਵਾਇਰਸ ਵੈਕਸੀਨ ਬੱਚਿਆਂ ਨੂੰ ਰੋਟਾਵਾਇਰਸ ਕਾਰਨ ਹੋਣ ਵਾਲੀਆਂ ਦਸਤਾਂ ਅਤੇ ਉਲਟੀਆਂ ਤੋਂ ਬਚਾਉਣ ਵਿੱਚ ਮਦਦ ਕਰਦੀ ਹੈ। ਇਹ ਦੂਜੇ ਵਾਇਰਸਾਂ ਕਾਰਨ ਹੋਣ ਵਾਲੀਆਂ ਦਸਤ ਅਤੇ ਉਲਟੀਆਂ ਤੋਂ ਬਚਾਅ ਨਹੀਂ ਕਰਦੀ। ਵੈਕਸੀਨ ਵਿੱਚ ਰੋਟਾਵਾਇਰਸ ਦਾ ਕਮਜ਼ੋਰ ਰੂਪ ਹੁੰਦਾ ਹੈ। ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਰੋਟਾਵਾਇਰਸ ਵੈਕਸੀਨ ਤੁਹਾਡੇ ਬੱਚੇ ਦੇ ਨਿਯਮਤ ਟੀਕਾਕਰਨ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ। ਅਪੌਇੰਟਮੈਂਟ ਲੈਣ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਕਾਲ ਕਰੋ। ਕਰੋ।

### ਵੈਕਸੀਨ ਕਿਸਨੂੰ ਲਗਵਾਉਣੀ ਚਾਹੀਦੀ ਹੈ?

ਬੱਚਿਆਂ ਨੂੰ 2 ਅਤੇ 4 ਮਹੀਨਿਆਂ ਦੀ ਉਮਰ ਵਿੱਚ ਰੋਟਾਵਾਇਰਸ ਵੈਕਸੀਨ 2 ਖੁਰਾਕਾਂ ਦੀ ਲੜੀ ਦੇ ਰੂਪ ਵਿੱਚ ਦਿੱਤੀ ਜਾਂਦੀ ਹੈ। ਇਹ ਵੈਕਸੀਨ ਬਚਪਨ ਵਿੱਚ ਬਿਮਾਰੀਆਂ ਤੋਂ ਬਚਾਉਣ ਲਈ ਦਿੱਤੀਆਂ ਜਾਣ ਵਾਲੀਆਂ ਦੂਸਰੀਆਂ ਵੈਕਸੀਨਾਂ ਦੇ ਨਾਲ ਦਿੱਤੀ ਜਾਂਦੀ ਹੈ।

ਇਹ ਬਹੁਤ ਜ਼ਰੂਰੀ ਹੈ ਕਿ ਤੁਹਾਡੇ ਬੱਚੇ ਨੂੰ ਰੋਟਾਵਾਇਰਸ ਵੈਕਸੀਨ ਸਮੇਂ ਸਿਰ ਲਗਵਾਈ ਜਾਵੇ। ਵੈਕਸੀਨ ਦੀ ਪਹਿਲੀ ਖੁਰਾਕ 20 ਹਫ਼ਤਿਆਂ ਦੀ ਉਮਰ ਤੋਂ ਪਹਿਲਾਂ ਅਤੇ ਦੂਜੀ ਖੁਰਾਕ 8 ਮਹੀਨਿਆਂ ਦੀ ਉਮਰ ਤੱਕ ਦਿੱਤੀ ਜਾਣਾ ਜ਼ਰੂਰੀ ਹੈ। ਸਭ ਤੋਂ ਵਧੀਆ ਸੁਰੱਖਿਆ ਲਈ ਵੈਕਸੀਨ ਦੀਆਂ ਦੋ ਖੁਰਾਕਾਂ ਦੀ ਲੋੜ ਹੁੰਦੀ ਹੈ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਵੈਕਸੀਨ ਕਿਵੇਂ ਦਿੱਤੀ ਜਾਂਦੀ ਹੈ?

ਰੋਟਾਵਾਇਰਸ ਵੈਕਸੀਨ ਮੂੰਹ ਰਾਹੀਂ ਦਿੱਤੀ ਜਾਂਦੀ ਹੈ। ਵੈਕਸੀਨ ਦੀਆਂ ਕੁਝ ਬੂੰਦਾਂ ਨਿਗਲਣ ਲਈ ਤੁਹਾਡੇ ਬੱਚੇ ਦੇ ਮੂੰਹ ਵਿੱਚ ਪਾਈਆਂ ਜਾਂਦੀਆਂ ਹਨ।

ਟੀਕਾਕਰਨ ਤੋਂ ਬਾਅਦ ਘੱਟੋ-ਘੱਟ 10 ਦਿਨਾਂ ਤੱਕ ਵੈਕਸੀਨ ਤੋਂ ਵਾਇਰਸ ਤੁਹਾਡੇ ਬੱਚੇ ਦੇ ਮਲ ਵਿੱਚ ਪਾਇਆ ਜਾ ਸਕਦਾ ਹੈ। ਮਾਤਾ-ਪਿਤਾ ਅਤੇ ਦੇਖਭਾਲ ਕਰਨ ਵਾਲਿਆਂ ਨੂੰ ਡਾਇਪਰ ਬਦਲਣ ਤੋਂ ਬਾਅਦ ਆਪਣੇ ਹੱਥ ਚੰਗੀ ਤਰ੍ਹਾਂ ਧੋਣੇ ਚਾਹੀਦੇ ਹਨ।

### ਵੈਕਸੀਨ ਦੇ ਕੀ ਲਾਭ ਹਨ?

ਇਹ ਵੈਕਸੀਨ ਰੋਟਾਵਾਇਰਸ ਬਿਮਾਰੀ ਦੇ 4 ਵਿੱਚੋਂ 3 ਤੋਂ ਵੱਧ ਕੇਸਾਂ, ਅਤੇ ਲਗਭਗ ਸਾਰੇ ਗੰਭੀਰ ਕੇਸਾਂ, ਜਿਨ੍ਹਾਂ ਵਿੱਚ ਹਸਪਤਾਲ ਵਿੱਚ ਦਾਖਲ ਕੀਤੇ ਜਾਣਾ ਵੀ ਸ਼ਾਮਲ ਹੈ, ਨੂੰ ਰੋਕਦੀ ਹੈ। ਜਦੋਂ ਤੁਸੀਂ ਆਪਣੇ ਬੱਚੇ ਦਾ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਸੁਰੱਖਿਆ ਵਿੱਚ ਵੀ ਮਦਦ ਕਰਦੇ ਹੋ।

### ਵੈਕਸੀਨ ਦੇ ਬਾਅਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਤੁਹਾਡੇ ਬੱਚੇ ਲਈ ਰੋਟਾਵਾਇਰਸ ਦੀ ਲਾਗ ਲੱਗਣ ਨਾਲੋਂ ਵੈਕਸੀਨ ਲਗਵਾਉਣਾ ਜ਼ਿਆਦਾ ਸੁਰੱਖਿਅਤ ਹੈ।

ਜ਼ਿਆਦਾਤਰ ਬੱਚਿਆਂ ਨੂੰ ਵੈਕਸੀਨ ਲਗਵਾਉਣ ਤੋਂ ਬਾਅਦ ਕੋਈ ਪ੍ਰਤੀਕਿਰਿਆਵਾਂ ਨਹੀਂ ਹੁੰਦੀਆਂ। ਕੁਝ ਚਿੜਚਿੜੇ ਹੋ ਸਕਦੇ ਹਨ, ਉਨ੍ਹਾਂ ਨੂੰ ਦਸਤ, ਪੇਟ ਦਰਦ, ਗੈਸ ਜਾਂ ਖਾਰਸ਼ ਵਾਲੇ ਧੱਫੜ ਹੋ ਸਕਦੇ ਹਨ।

ਵੈਕਸੀਨ ਦੀ ਪਹਿਲੀ ਜਾਂ ਦੂਜੀ ਖੁਰਾਕ ਤੋਂ ਬਾਅਦ ਦੇ ਹਫ਼ਤੇ ਵਿੱਚ ਇੰਨਟੁਸਸੈਪਸ਼ਨ (ਅੰਤੜੀ ਦੀ ਰੁਕਾਵਟ) ਦਾ ਬਹੁਤ ਘੱਟ ਖ਼ਤਰਾ ਹੁੰਦਾ ਹੈ। ਵੈਕਸੀਨ ਲਗਵਾਉਣ ਵਾਲੇ ਹਰ 100,000 ਬੱਚਿਆਂ ਲਈ ਇੰਨਟੁਸਸੈਪਸ਼ਨ ਦਾ ਜੋਖਮ ਲਗਭਗ 1 ਤੋਂ 2 ਕੇਸ ਹੁੰਦਾ ਹੈ। ਵੱਧ ਤੋਂ ਵੱਧ, ਇਹ ਬੀ.ਸੀ. ਵਿੱਚ ਇੱਕ ਸਾਲ ਵਿੱਚ ਇੱਕ ਬੱਚੇ ਨੂੰ ਪ੍ਰਭਾਵਿਤ ਕਰ ਸਕਦਾ ਹੈ। ਇਸਦੀ ਤੁਲਨਾ ਵਿੱਚ, ਹਰ ਸਾਲ ਬੀ.ਸੀ. ਵਿੱਚ ਇੱਕ ਸਾਲ ਤੋਂ ਘੱਟ ਉਮਰ ਦੇ 4,000 ਵਿੱਚੋਂ ਲਗਭਗ 1 ਬੱਚੇ ਨੂੰ ਵੈਕਸੀਨ ਪ੍ਰਾਪਤ ਕੀਤੇ ਬਿਨਾਂ ਹੀ ਇੰਨਟੁਸਸੈਪਸ਼ਨ ਹੁੰਦੀ ਹੈ।

ਇੰਨਟੁਸਸੈਪਸ਼ਨ ਦੇ ਲੱਛਣਾਂ ਵਿੱਚ ਸੁੱਜਿਆ ਹੋਇਆ ਪੇਟ, ਵਾਰ-ਵਾਰ ਉਲਟੀਆਂ ਅਤੇ ਖੂਨ ਵਾਲੀ ਟੱਟੀ ਸ਼ਾਮਲ ਹੋ ਸਕਦੇ ਹਨ। ਤੁਹਾਡਾ ਬੱਚਾ ਕਮਜ਼ੋਰ ਅਤੇ ਚਿੜਚਿੜਾ ਜਾਪ ਸਕਦਾ ਹੈ ਅਤੇ ਕਈ ਵਾਰ ਤੀਬਰ ਢੰਗ ਨਾਲ ਰੋ ਸਕਦਾ ਹੈ। ਜੇਕਰ ਤੁਹਾਡਾ ਬੱਚਾ ਇਹ ਲੱਛਣ ਦਿਖਾਉਂਦਾ ਹੈ, ਤਾਂ ਤੁਹਾਨੂੰ ਆਪਣੇ ਬੱਚੇ ਨੂੰ ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਲੈ ਜਾਣਾ ਚਾਹੀਦਾ ਹੈ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਅਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਮਹੱਤਵਪੂਰਨ ਹੈ। ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੈ। ਅਜਿਹਾ ਵੈਕਸੀਨ ਪ੍ਰਾਪਤ ਕਰਨ ਵਾਲੇ ਇੱਕ ਮਿਲੀਅਨ ਵਿੱਚੋਂ ਇੱਕ ਤੋਂ ਵੀ ਘੱਟ ਲੋਕਾਂ ਵਿੱਚ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁੱਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇਕਰ ਇਹ ਪ੍ਰਤੀਕਿਰਿਆ ਹੁੰਦੀ ਹੈ, ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਉਸਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਏਪੀਨੇਫ੍ਰਿਨ (ਐਡਰੇਨਲਿਨ) ਦਿੱਤੇ ਜਾਣਾ ਅਤੇ ਐਂਬੂਲੈਂਸ ਦੁਆਰਾ ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਟ੍ਰਾਂਸਫਰ ਕਰਨਾ ਸ਼ਾਮਲ ਹੈ। ਜੇਕਰ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਲੱਛਣ ਪੈਦਾ ਹੁੰਦੇ ਹਨ, ਤਾਂ **9-1-1** 'ਤੇ ਜਾਂ ਸਥਾਨਕ ਐਮਰਜੈਂਸੀ ਨੰਬਰ 'ਤੇ ਕਾਲ ਕਰੋ।

| |
|---|
| ਬੁਖਾਰ ਜਾਂ ਜਲਨ ਲਈ ਅਸੀਟਾਮੇਨੋਫੇਨ (acetaminophen) (ਉਦਾਹਰਣ ਲਈ ਟਾਇਲੇਨੋਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਦਿੱਤੀ ਜਾ ਸਕਦੀ ਹੈ। ਰੇਏ ਸਿੰਨਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਨਹੀਂ ਦਿੱਤੀ ਜਾਣੀ ਚਾਹੀਦੀ। |

*ਤੁਹਾਡੇ ਸਿਹਤ ਸੰਭਾਲ ਪ੍ਰਦਾਤਾ ਨਾਲ ਪਹਿਲਾਂ ਗੱਲ ਕੀਤੇ ਬਿਨਾਂ 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਆਈਬਿਊਪਰੋਫ਼ੈਨ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਨਡਰੋਮ ਬਾਰੇ ਹੋਰ ਜਾਣਕਾਰੀ ਲਈ, HealthLinkBC File #84 ਰੇਏ ਸਿੰਨਡਰੋਮ 'ਤੇ ਜਾਓ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਗੰਭੀਰ ਜਾਂ ਅਚਾਨਕ ਹੋਣ ਵਾਲੀਆਂ ਪ੍ਰਤੀਕਿਰਿਆਵਾਂ ਦੀ ਰਿਪੋਰਟ ਕਰੋ।

## ਕਿਸਨੂੰ ਵੈਕਸੀਨ ਨਹੀਂ ਲਗਵਾਉਣੀ ਚਾਹੀਦੀ?

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇਕਰ:

- ਤੁਹਾਡੇ ਬੱਚੇ ਨੂੰ ਰੋਟਾਵਾਇਰਸ ਵੈਕਸੀਨ ਦੀ ਪਿਛਲੀ ਖੁਰਾਕ ਜਾਂ ਵੈਕਸੀਨ ਦੇ ਕਿਸੇ ਵੀ ਹਿੱਸੇ ਪ੍ਰਤੀ ਜਾਨਲੇਵਾ ਪ੍ਰਤੀਕ੍ਰਿਆ ਹੋਈ ਸੀ
- ਤੁਹਾਡੇ ਬੱਚੇ ਦਾ ਇਮਿਊਨ ਸਿਸਟਮ ਬਿਮਾਰੀ ਜਾਂ ਡਾਕਟਰੀ ਇਲਾਜ ਦੁਆਰਾ ਕਮਜ਼ੋਰ ਹੋ ਗਿਆ ਹੈ
- ਤੁਹਾਡੇ ਬੱਚੇ ਦਾ ਕਮਜ਼ੋਰ ਇਮਿਊਨ ਸਿਸਟਮਾਂ ਦਾ ਪਰਿਵਾਰਕ ਇਤਿਹਾਸ ਹੈ
- ਤੁਹਾਡੇ ਬੱਚੇ ਨੂੰ ਇੰਨਟੁਸਸੈਪਸ਼ਨ (intussusception) ਹੋਇਆ ਸੀ ਜਾਂ ਅੰਤੜੀ ਦਾ ਵਿਕਾਰ ਹੈ ਜਿਸਦਾ ਨਤੀਜਾ ਇੰਨਟੁਸਸੈਪਸ਼ਨ ਹੋ ਸਕਦਾ ਹੈ
- ਜਿਨ੍ਹਾਂ ਬੱਚਿਆਂ ਨੂੰ ਦਰਮਿਆਨੇ ਜਾਂ ਗੰਭੀਰ ਦਸਤ ਜਾਂ ਉਲਟੀਆਂ, ਜਾਂ ਕੋਈ ਗੰਭੀਰ ਬਿਮਾਰੀ ਹੈ, ਉਨ੍ਹਾਂ ਨੂੰ ਉਦੋਂ ਤੱਕ ਟੀਕਾਕਰਨ ਨਹੀਂ ਕਰਵਾਉਣਾ ਚਾਹੀਦਾ ਜਦੋਂ ਤੱਕ ਉਹ ਠੀਕ ਨਹੀਂ ਹੋ ਜਾਂਦੇ।

ਜ਼ੁਕਾਮ ਜਾਂ ਹੋਰ ਹਲਕੀ ਬਿਮਾਰੀ ਦੇ ਕਾਰਨ ਟੀਕਾਕਰਨ ਕਰਵਾਉਣ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇ ਤੁਹਾਨੂੰ ਕੋਈ ਚਿੰਤਾਵਾਂ ਹਨ, ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਰੋਟਾਵਾਇਰਸ ਕੀ ਹੈ?

ਰੋਟਾਵਾਇਰਸ ਇੱਕ ਵਾਇਰਸ ਹੈ ਜੋ ਗੈਸਟਰੋਐਂਟਰਾਈਟਿਸ (ਉਲਟੀਆਂ ਅਤੇ ਦਸਤ), ਜਿਸਨੂੰ ਕਈ ਵਾਰ ਪੇਟ ਫਲੂ ਕਿਹਾ ਜਾਂਦਾ ਹੈ, ਦਾ ਕਾਰਨ ਬਣਦਾ ਹੈ। ਰੋਟਾਵਾਇਰਸ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਿੱਚ ਦਸਤ ਲਗਣ ਅਤੇ ਹਸਪਤਾਲ ਵਿੱਚ ਦਾਖਲ ਕੀਤੇ ਜਾਣ ਦਾ ਸਭ ਤੋਂ ਆਮ ਕਾਰਨ ਹੈ। ਲਗਭਗ ਸਾਰੇ ਟੀਕਾਕਰਨ ਨਾ ਕੀਤੇ ਗਏ ਬੱਚਿਆਂ ਨੂੰ 5 ਸਾਲ ਦੀ ਉਮਰ ਤੋਂ ਪਹਿਲਾਂ ਰੋਟਾਵਾਇਰਸ ਦੀ ਘੱਟੋ-ਘੱਟ ਇੱਕ ਲਾਗ ਹੋਵੇਗੀ।

ਰੋਟਾਵਾਇਰਸ ਦੀ ਲਾਗ ਦੇ ਪਹਿਲੇ ਲੱਛਣ ਅਕਸਰ ਬੁਖਾਰ ਅਤੇ ਉਲਟੀਆਂ ਹੁੰਦੇ ਹਨ, ਇਸਦੇ ਬਾਅਦ ਦਸਤ ਅਤੇ ਪੇਟ ਦਰਦ ਹੁੰਦੇ ਹਨ। ਇਹ ਲੱਛਣ ਲਾਗ ਲੱਗਣ ਤੋਂ 1 ਤੋਂ 3 ਦਿਨਾਂ ਬਾਅਦ ਦਿਖਾਈ ਦਿੰਦੇ ਹਨ। ਦਸਤ 4 ਤੋਂ 8 ਦਿਨਾਂ ਤੱਕ ਰਹਿ ਸਕਦੇ ਹਨ। ਜੇਕਰ ਦਸਤ ਜਾਂ ਉਲਟੀਆਂ ਗੰਭੀਰ ਹੋਣ ਅਤੇ ਅਕਸਰ ਹੁੰਦੀਆਂ ਰਹਿਣ ਤਾਂ ਛੋਟੇ ਬੱਚਿਆਂ ਵਿੱਚ ਪਾਣੀ ਦੀ ਕਮੀ ਹੋ ਸਕਦੀ ਹੈ। ਜੇਕਰ ਇਸ ਦਾ ਇਲਾਜ ਨਾ ਕੀਤਾ ਜਾਵੇ, ਤਾਂ ਬੱਚੇ ਦੀ ਮੌਤ ਹੋ ਸਕਦੀ ਹੈ।

ਰੋਟਾਵਾਇਰਸ ਸੰਕਰਮਿਤ ਬੱਚੇ ਦੇ ਮਲ ਨੂੰ ਛੂਹਣ ਨਾਲ ਆਸਾਨੀ ਨਾਲ ਫੈਲਦਾ ਹੈ। ਇਹ ਡਾਇਪਰਾਂ ਨੂੰ ਸੰਭਾਲਣ ਵੇਲੇ ਹੋ ਸਕਦਾ ਹੈ। ਰੋਟਾਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਆਪਣੇ ਹੱਥ ਅਕਸਰ ਸਾਬਣ ਅਤੇ ਪਾਣੀ ਨਾਲ ਧੋਵੋ। ਦਸਤ ਜਾਂ ਉਲਟੀਆਂ ਨਾਲ ਬਿਮਾਰ ਹੋਣ ਵਾਲੇ ਬੱਚੇ ਨੂੰ ਦਸਤ ਜਾਂ ਉਲਟੀਆਂ ਬੰਦ ਹੋਣ ਤੋਂ 48 ਘੰਟਿਆਂ ਬਾਅਦ ਤੱਕ ਡੇ-ਕੇਅਰ ਵਿੱਚ ਨਹੀਂ ਜਾਣਾ ਚਾਹੀਦਾ ਜਾਂ ਦੂਜੇ ਬੱਚਿਆਂ ਨਾਲ ਸੰਪਰਕ ਨਹੀਂ ਕਰਨਾ ਚਾਹੀਦਾ। ਹੱਥ ਧੋਣ ਦੇਸੁਝਾਵਾਂ ਲਈ, HealthLink BC File #85 ਹੱਥ ਧੋਣਾ: ਰੋਗਾਣੂਆਂ ਨੂੰ ਫੈਲਣ ਤੋਂ ਰੋਕਣ ਵਿੱਚ ਸਹਾਇਤਾ ਕਰੋ 'ਤੇ ਜਾਓ।

BC Centre for Disease Control
Provincial Health Services Authority